ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

# ਕੇਂਦਰ ਬਿਨ੍ਹਾਂ ਭੇਦਭਾਵ ਸੂਬਿਆਂ ਦੀ ਮਦਦ ਕਰਨ ਦਾ ਆਪਣਾ ਸੰਵਿਧਾਨਕ ਫਰਜ ਪੂਰਾ ਕਰੇ- ਮਨਪ੍ਰੀਤ ਸਿੰਘ ਬਾਦਲ

## -ਕੌਮਾਂਤਰੀ ਮਜਦੂਰ ਦਿਵਸ ਮੌਕੇ ਰਾਸ਼ਟਰ ਨਿਰਮਾਣ ਵਿਚ ਕਿਰਤੀਆਂ ਦੇ ਯੋਗਦਾਨ ਨੂੰ ਕੀਤਾ ਨਮਨ

## -ਪੰਜਾਬ ਸਰਕਾਰ ਦੀਆਂ ਕੇਂਦਰ ਤੋਂ ਹੱਕੀ ਮੰਗਾਂ ਦੇ ਹੱਕ ਵਿਚ ਤਿਰੰਗਾ ਲਹਿਰਾਇਆ

ਬੰਠਿਡਾ, 1 ਮਈ

ਅੱਜ ਕੌਮਾਂਤਰੀ ਮਜਦੂਰ ਦਿਵਸ ਮੌਕੇ ਪੰਜਾਬ ਦੇ ਵਿੱਤ ਮੰਤਰੀ ਸ: ਮਨਪ੍ਰੀਤ ਸਿੰਘ ਬਾਦਲ ਨੇ ਦੇਸ਼ ਨਿਰਮਾਣ ਵਿਚ ਅਹਿਮ ਭੂਮਿਕਾ ਨਿਭਾਉਣ ਵਾਲੇ ਸਾਡੇ ਕਾਮਿਆਂ ਦੇ ਯੋਗਦਾਨ ਨੂੰ ਨਮਨ ਕਰਦਿਆਂ ਇੱਥੇ ਪੰਚਾਇਤ ਭਵਨ ਵਿਖੇ ਤਿਰੰਗਾ ਲਹਿਰਾ ਕੇ ਕੇਂਦਰ ਸਰਕਾਰ ਤੱਕ ਪੰਜਾਬ ਦੀਆਂ ਹੱਕਾਂ ਮੰਗਾਂ ਦੀ ਅਵਾਜ਼ ਬੁਲੰਦ ਕੀਤੀ।

ਸ: ਮਨਪ੍ਰੀਤ ਸਿੰਘ ਬਾਦਲ ਨੇ ਇਸ ਮੌਕੇ ਕਿਹਾ ਕਿ ਅੱਜ  ਸਾਡਾ ਮੁਲਕ ਤਰੱਕੀ ਦੇ ਜਿਸ ਮੁਕਾਮ ਤੇ ਹੈ ਉਸ ਵਿਚ ਸਾਡੇ ਕਿਰਤੀਆਂ ਦਾ ਅਹਿਮ ਯੋਗਦਾਨ ਹੈ। ਦੇਸ਼ ਦੀ ਉਨੱਤੀ ਦੀ ਇਬਾਰਤ ਇੰਨ੍ਹਾਂ ਕਾਮਿਆਂ ਦੀ ਮਿਹਨਤ ਦੇ ਪਸੀਨੇ ਨਾਲ ਲਿਖੀ ਗਈ ਹੈ। ਉਨ੍ਹਾਂ ਨੇ ਕਿਹਾ ਕਿ ਇਸ ਦਿਨ ਸਾਰਾ ਮੁਲਕ ਆਪਣੇ ਕਿਰਤੀਆਂ ਨੂੰ ਸਲਾਮ ਕਰਦਾ ਹੈ। ਉਨ੍ਹਾਂ ਨੇ ਕਿਹਾ ਅੱਜ ਜਦ ਅਸੀਂ ਕਰੋਨਾ ਦੀ ਮਹਾਮਾਰੀ ਨਾਲ ਜੂਝ ਰਹੇ ਹਾਂ ਤਾਂ ਸਾਡੇ ਕਾਮਿਆਂ ਦਾ ਸਮਾਜ ਪ੍ਰਤੀ ਯੋਗਦਾਨ ਹੁਣ ਹੋਰ ਵੀ ਵਧੇਰੇ ਪ੍ਰਤੱਖ ਹੋਕੇ ਸਮਾਜ ਦੇ ਸਾਹਮਣੇ ਆਇਆ ਹੈ।

ਇਸ ਮੌਕੇ ਪੱਤਰਕਾਰਾਂ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਵਿੱਤ ਮੰਤਰੀ ਸ: ਮਨਪ੍ਰੀਤ ਸਿੰਘ ਬਾਦਲ ਨੇ ਮੁੜ ਦੁਹਰਾਇਆ ਕਿ ਕੇਂਦਰ ਸਰਕਾਰ ਤੋਂ ਕੋਵਿਡ 19 ਬਿਮਾਰੀ ਦੇ ਟਾਕਰੇ ਲਈ ਸਿੱਧੇ ਤੌਰ ਤੇ ਪੰਜਾਬ ਨੂੰ ਕੇਵਲ 71 ਕਰੋੜ ਰੁਪਏ ਦੀ ਮਦਦ ਹੀ ਮਿਲੀ ਹੈ ਜਦ ਕਿ ਹੋਰ ਜ਼ੋ ਰਕਮਾਂ ਪ੍ਰਾਪਤ ਹੋਈਆਂ ਹਨ ਉਹ ਪੰਜਾਬ ਰਾਜ ਦਾ ਆਪਣਾ ਹੱਕ ਸੀ ਜੋ ਕੇਂਦਰ ਵੱਲ ਬਕਾਇਆ ਸੀ ਅਤੇ ਇਹ ਰਕਮਾਂ ਕੋਵਿਡ ਬਿਮਾਰੀ ਦੇ ਨਾ ਆਉਣ ਤੇ ਵੀ ਪੰਜਾਬ ਨੂੰ ਮਿਲਣੀਆਂ ਸੀ।

ਵਿੱਤ ਮੰਤਰੀ ਨੇ ਆਖਿਆ ਕਿ ਪੰਜਾਬ ਸਵੈ ਮਾਣ ਲਈ ਜਾਣਿਆ ਜਾਂਦਾ ਹੈ ਅਤੇ ਪੰਜਾਬੀਆਂ ਨੇ ਦੇਸ਼ ਦੀ ਤਰੱਕੀ ਵਿਚ ਹਰ ਖੇਤਰ ਵਿਚ ਮੋਹਰੀ ਭੂਮਿਕਾ ਨਿਭਾਈ ਹੈ। ਉਨ੍ਹਾਂ ਨੇ ਕਿਹਾ ਕਿ ਸੰਘੀ ਢਾਂਚੇ ਵਿਚ ਇਹ ਕੇਂਦਰ ਸਰਕਾਰ ਦਾ ਫਰਜ ਬਣਦਾ ਹੈ ਕਿ ਉਹ ਕਿਸੇ ਵੀ ਅੰਦਰੂਨੀ ਜਾਂ ਬਾਹਰੀ ਆਫ਼ਤ ਸਮੇਂ ਰਾਜਾਂ ਦੀ ਮਦਦ ਕਰੇ।ਉਨ੍ਹਾਂ ਨੇ ਕਿਹਾ ਕਿ ਇਹ ਭਾਰਤ ਸਰਕਾਰ ਦੀ ਸੰਵਿਧਾਨਕ ਜਿੰਮੇਵਾਰੀ ਬਣਦੀ ਹੈ।

ਸ: ਮਨਪ੍ਰੀਤ ਸਿੰਘ ਬਾਦਲ ਨੇ ਕਿਹਾ ਕਿ ਜਦੋਂ ਤੋਂ ਕੋਵਿਡ 19 ਬਿਮਾਰੀ ਦਾ ਸੰਕਟ ਪੈਦਾ ਹੋਇਆ ਹੈ ਕੇਂਦਰ ਦਾ ਪੰਜਾਬ ਨਾਲ ਬੇਰੁੱਖੀ ਵਾਲਾ ਰਵਈਆ ਰਿਹਾ ਹੈ ਜੋ ਕਿ ਪੰਜਾਬ ਲਈ ਬਰਦਾਸ਼ਤ ਕਰਨਾ ਔਖਾ ਹੈ।ਪੰਜਾਬ ਦੀ ਵੰਡ

ਤੋਂ ਲੈ ਕੇ ਹਰ ਮੁਸਕਿਲ ਦੌਰ ਵਿਚ ਪੰਜਾਬ ਜੇਤੂ ਹੋ ਕੇ ਨਿਕਲਿਆ ਹੈ ਅਤੇ ਤਾਜਾ ਕੋਵਿਡ ਸੰਕਟ ਵਿਚੋਂ ਵੀ ਪੰਜਾਬ ਮਜਬੂਤੀ ਨਾਲ ਜੇਤੂ ਹੋ ਕੇ ਨਿਕਲੇਗਾ।

ਵਿੱਤ ਮੰਤਰੀ ਨੇ ਇਹ ਵੀ ਸੱਪਸ਼ਟ ਕੀਤਾ ਕਿ ਪੰਜਾਬ ਵਿਚ ਜ਼ੋ ਯਾਤਰੀ, ਵਿਦਿਆਰਥੀ, ਮਜਦੂਰ ਬਾਹਰਲੇ ਰਾਜਾਂ ਤੋਂ ਆਏ ਹਨ, ਉਨ੍ਹਾਂ ਦੀ ਦੇਖਭਾਲ ਲਈ ਸਾਰੇ ਤੈਅ ਨਿਯਮਾਂ ਦੀ ਪਾਲਣਾ ਕੀਤੀ ਜਾ ਰਹੀ ਹੈ ਅਤੇ ਸਾਰਿਆਂ ਦੇ ਟੈਸਟ ਕਰਵਾਏ ਜਾ ਰਹੇ ਹਨ ਅਤੇ ਸਭ ਨੂੰ ਇਕਾਂਤਵਾਸ ਵਿਚ ਰੱਖਿਆ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਕਿ ਇਸ ਬਿਮਾਰੀ ਤੋਂ ਪੀੜਤ ਹੋਣਾ ਕੋਈ ਮਿਹਣਾ ਨਹੀਂ ਹੈ ਬਲਕਿ ਇਹ ਕਿਸੇ ਨੂੰ ਵੀ ਹੋ ਸਕਦੀ ਹੈ ਅਤੇ ਅਜਿਹੇ ਲੋਕਾਂ ਨਾਲ ਭੇਦਭਾਵ ਨਹੀਂ ਕੀਤਾ ਜਾਣਾ ਚਾਹੀਦਾ ਹੈ।

ਵਿੱਤ ਮੰਤਰੀ ਨੇ ਇਸ ਮੌਕੇ ਬਠਿੰਡਾ ਦੇ ਲੋਕਾਂ ਵੱਲੋਂ ਕਰਫਿਊ ਦੌਰਾਨ ਦਿੱਤੇ ਦਿੱਤੇ ਜਾ ਰਹੇ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਹੈ।

ਇਸ ਮੌਕੇ ਸ: ਜੈਜੀਤ ਸਿੰਘ ਜ਼ੋਹਲ, ਸ੍ਰੀ ਕੇਕੇ ਅਗਰਵਾਲ, ਸ੍ਰੀ ਅਰੁਣ ਵਧਾਵਨ, ਸ੍ਰੀ ਜਗਰੂਪ ਸਿੰਘ ਗਿੱਲ, ਸ੍ਰੀ ਅਸੋਕ ਪ੍ਰਧਾਨ, ਸ੍ਰੀ ਪਵਨ ਮਾਨੀ, ਸ: ਟਹਿਲ ਸਿੰਘ ਸੰਧੂ, ਸ੍ਰੀ ਰਾਜਨ ਗਰਗ, ਸ੍ਰੀ ਬਲਜਿੰਦਰ ਠੇਕੇਦਾਰ, ਮਾਸਟਰ ਹਰਮੰਦਰ ਸਿੰਘ, ਸ: ਬਲਜੀਤ ਸਿੰਘ, ਸ੍ਰੀ ਰਾਜ ਨੰਬਰਦਾਰ ਆਦਿ ਵੀ ਹਾਜਰ ਸਨ।

I/21506/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਬਠਿੰਡਾ ਜ਼ਿਲੇ ਦੀਆਂ ਮੰਡੀਆਂ ਵਿੱਚ 6.48 ਲੱਖ ਮੀਟ੍ਰਿਕ ਟਨ ਕਣਕ ਪੁੱਜੀ

900 ਕਰੋੜ ਰੁਪਏ ਦੀ ਕੀਤੀ ਜਾ ਚੁੱਕੀ ਹੈ ਕਿਸਾਨਾਂ ਨੂੰ ਅਦਾਇਗੀ

ਵੱਖ ਵੱਖ ਖ਼ਰੀਦ ਏਜੰਸੀਆਂ ਵਲੋਂ ਖ਼ਰੀਦੀ ਗਈ ਕਣਕ

ਕਿਸਾਨਾਂ ਨੂੰ ਨਹੀਂ ਆ ਰਹੀ ਕੋਈ ਵੀ ਸਮੱਸਿਆ

ਬਠਿੰਡਾ, 1 ਮਈ : ਬਠਿੰਡਾ ਜ਼ਿਲੇ ਵਿੱਚ ਵੀਰਵਾਰ ਦੀ ਸ਼ਾਮ ਤੱਕ 6.48 ਲੱਖ ਮੀਟ੍ਰਿਕ ਟਨ ਦੀ ਆਮਦ ਹੋਈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਬੀ.ਸ੍ਰੀਨਿਵਾਸਨ ਨੇ ਸਾਂਝੀ ਕੀਤੀ। ਉਨਾਂ ਇਹ ਵੀ ਕਿਹਾ ਕਿ ਬੀਤੀ ਸ਼ਾਮ ਤੱਕ ਕਣਕ ਦੀ 3,97,746 ਮੀਟ੍ਰਿਕ ਟਨ ਦੀ ਲਿਫ਼ਟਿਨ ਵੀ ਮੰਡੀਆਂ ਵਿਚੋਂ ਕੀਤੀ ਜਾ ਚੁੱਕੀ ਹੈ। ਉਨਾਂ ਇਹ ਵੀ ਦੱਸਿਆ ਕਿ ਪਿਛਲੇ ਦਿਨ 617613 ਮੀਟ੍ਰਿਕ ਟਨ ਦੀ ਖ਼ਰੀਦ ਵੀ ਹੋ ਚੁੱਕੀ ਹੈ। ਇਸ ਤੋਂ ਇਲਾਵਾ ਉਨਾਂ ਇਹ ਵੀ ਦੱਸਿਆ ਕਿ ਹੁਣ ਤੱਕ ਕਿਸਾਨਾਂ ਨੂੰ 900 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।

ਜ਼ਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸ. ਮਨਦੀਪ ਸਿੰਘ ਮਾਨ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਨਗ੍ਰੇਨ ਵਲੋਂ 177542 ਮੀਟ੍ਰਿਕ ਟਨ, ਮਾਰਕਫੈਡ ਵਲੋਂ 161349 ਮੀਟ੍ਰਿਕ ਟਨ, ਪਨਸਪ ਵਲੋਂ 133117 ਮੀਟ੍ਰਿਕ ਟਨ, ਪੰਜਾਬ ਵੇਅਰ ਹਾਊਸ ਵਲੋਂ 97815 ਅਤੇ ਇਸ ਤੋਂ ਇਲਾਵਾ ਐਫ਼.ਸੀ.ਆਈ. ਖ਼ਰੀਦ ਏਜੰਸੀ ਵਲੋਂ 47271 ਮੀਟ੍ਰਿਕ ਕਣਕ ਦੀ ਖ਼ਰੀਦ ਕੀਤੀ ਗਈ। ਇਸ ਤੋਂ ਇਲਾਵਾ ਉਨਾਂ ਇਹ ਵੀ ਕਿਹਾ ਕਿ ਮੰਡੀਆਂ ਵਿਚ ਕਿਸਾਨਾਂ ਵੀਰਾਂ ਦੇ ਲਈ ਸਾਰੇ ਸੁਚੱਜੇ ਤਰੀਕੇ ਨਾਲ ਪ੍ਰਬੰਧ ਮੁਕੰਮਲ ਕੀਤੇ ਹੋਏ ਹਨ ਤੇ ਉਨਾਂ ਨੂੰ ਕਿਸੇ ਵੀ ਤਰਾਂ ਦੀ ਸਮੱਸਿਆ ਦਰਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

I/21518/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

# ਪੰਜਾਬ ਚ ਫਸੇ ਦੂਜੇ ਰਾਜਾਂ ਦੇ ਲੋਕ ਘਰ ਵਾਪਸੀ ਲਈ ਇਸ ਪੋਰਟਲ ਤੇ ਕਰਨ ਅਪਲਾਈ

## ਦੂਜਿਆਂ ਸੂਬਿਆਂ ਜਾਂ ਵਿਦੇਸ਼ `ਚ ਫਸੇ ਪੰਜਾਬੀ ਵੀ ਘਰ ਵਾਪਸੀ ਲਈ ਕਰ ਸਕਦੇ ਹਨ ਆਨਲਾਈਨ ਅਪਲਾਈ

ਬੰਠਿਡਾ, 1 ਮਈ

ਕੋਵਿਡ 19 ਕਾਰਨ ਪੈਦਾ ਹੋਏ ਵਿਸਵਵਿਆਪੀ ਸੰਕਟ ਵਿਚ ਪੰਜਾਬ ਸਰਕਾਰ ਨੇ ਰਾਜ ਅੰਦਰ ਫਸੇ ਦੂਜਿਆਂ ਸੂਬਿਆਂ ਦੇ ਨਾਗਰਿਕਾਂ ਲਈ ਇਕ ਪੋਰਟਲ ਜਾਰੀ ਕੀਤਾ ਹੈ ਜਿੱਥੇ ਉਹ ਆਪਣੀ ਘਰ ਵਾਪਸੀ ਲਈ ਆਨਲਾਈਨ ਅਪਲਾਈ ਕਰ ਸਕਦੇ ਹਨ। ਇਸ ਤੋਂ ਬਿਨ੍ਹਾਂ ਦੂਜਿਆਂ ਸੂਬਿਆਂ ਜਾਂ ਵਿਦੇਸ਼ ਵਿਚ ਫਸੇ ਪੰਜਾਬੀਆਂ ਦੀ ਘਰ ਵਾਪਸੀ ਲਈ ਵੀ ਇਸੇ ਪੋਰਟਲ ਤੇ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਹੈ ਕਿ ਪੰਜਾਬ ਤੋਂ ਬਾਹਰ ਦੇ ਹੋਰ ਸੂਬਿਆਂ ਦੇ ਨਾਗਰਿਕ ਜ਼ੋ ਪੰਜਾਬ ਤੋਂ ਆਪਣੇ ਘਰਾਂ ਨੂੰ ਜਾਣਾ ਚਾਹੁੰਦੇ ਹਨ ਇਸ ਪੋਰਟਲ ਤੇ ਅਪਲਾਈ ਕਰਨ ਤਾਂ ਜ਼ੋ ਸਰਕਾਰ ਵੱਲੋਂ ਇੰਨ੍ਹਾਂ ਦੀ ਘਰ ਵਾਪਸੀ ਲਈ ਸਬੰਧਤ ਸੂਬਿਆਂ ਦੀਆਂ ਸਰਕਾਰਾਂ ਨਾਲ ਤਾਲਮੇਲ ਕਰਕੇ ਬੰਦੋਬਸਤ ਕੀਤਾ ਜਾ ਸਕੇ। ਇਸ ਤੋਂ ਬਿਨ੍ਹਾਂ ਵਿਦੇਸ਼ ਜਾਂ ਪੰਜਾਬ ਤੋਂ ਬਾਹਰ ਫਸੇ ਪੰਜਾਬ ਦੇ ਨਿਵਾਸੀ ਵੀ ਇਸ ਪੋਰਟਲ ਤੇ ਆਨਲਾਈਨ ਅਪਲਾਈ ਕਰ ਸਕਦੇ ਹਨ ਜਿਸ ਤੋਂ ਬਾਅਦ ਸਰਕਾਰ ਵੱਲੋਂ ਇੰਨ੍ਹਾਂ ਦੀ ਘਰ ਵਾਪਸੀ ਲਈ ਯੋਜਨਾਬੰਦੀ ਕੀਤੀ ਜਾਵੇਗੀ।ਇਸ ਲਈ http://covidhelp.punjab.gov.in ਲਿੰਕ ਤੇ ਜਾ ਕੇ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ।

I/21536/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

# ਸ਼ਰਤਾਂ ਦੇ ਆਧਾਰ ਤੇ ਬਠਿੰਡਾ ਜ਼ਿਲੇ ਵਿਚ ਉਦਯੋਗਾਂ ਨੂੰ ਕੁਝ ਛੋਟਾਂ

# ਉਲੰਘਣਾ ਕਰਨ ਵਾਲਿਆਂ ਖਿਲਾਫ਼ ਕੀਤੀ ਜਾਵੇਗੀ ਕਾਨੂੰਨੀ ਕਾਰਵਾਈ

ਬਠਿੰਡਾ, 1 ਮਈ : ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੇ ਮੱਦੇਨਜ਼ਰ ਜ਼ਿਲਾ ਮੈਜਿਸਟ੍ਰੇਟ ਸ੍ਰੀ ਬੀ.ਸ੍ਰੀਨਿਵਾਸਨ ਨੇ ਬਠਿੰਡਾ ਵਿਚ ਮਿਉਸੀਪਲ ਲਿਮਟ ਤੋਂ ਬਾਹਰ ਸਥਿਤ ਉਦਯੋਗਾਂ, ਸਰਕਾਰ ਵਲੋਂ ਸਥਾਪਤ ਫ਼ੋਕਲ ਪੁਆਇੰਟਾਂ, ਇੰਡਸਟਰੀਅਲ ਅਸਟੇਟ ਅਤੇ ਇੰਡਸਟਰੀਅਲ ਗਰੋਥ ਸੈਂਟਰਾਂ ਵਿਚ ਸਥਿਤ ਉਦਯੋਗਾਂ ਨੂੰ ਕਰਫ਼ਿਊ ਦੌਰਾਨ ਚਲਾਉਣ ਦੀ ਪ੍ਰਵਾਨਗੀ ਸ਼ਰਤਾਂ ਦੇ ਅਧਾਰ 'ਤੇ ਦਿੱਤੀ ਹੈ।

ਜ਼ਿਲਾ ਮੈਜਿਸਟ੍ਰੇਟ ਨੇ ਕਿਹਾ ਕਿ ਜੋ ਉਦਯੋਗਪਤੀ ਭਾਰਤ ਸਰਕਾਰ ਦੇ ਪੱਤਰ ਨੰਬਰ 40-3-/2020/DM/1(A) ਮਿਤੀ 15/4/2020 ਰਾਹੀਂ ਜਾਰੀ ਕੀਤੀ ਐਸ.ਓ.ਪੀ ਦੇ ਅਨੈਕਸ਼ਚਰ 2 ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਦੇ ਸਮਰੱਥ ਹੈ ਉਹ ਆਪਣਾ ਯੂਨਿਟ ਸ਼ੁਰੂ ਕਰਨ ਤੋਂ ਪਹਿਲਾਂ ਇਸ ਸਬੰਧੀ ਇੱਕ ਸਵੈ ਘੋਸ਼ਣਾ ਪੱਤਰ ਜਨਰਲ ਮੈਨੇਜ਼ਰ, ਜ਼ਿਲਾ ਉਦਯੋਗ, ਕੇਂਦਰ ਬਠਿੰਡਾ ਦੀ ਈਮੇਲ gmdicbti951@gmail.com 'ਤੇ ਭੇਜੇਗਾ, ਜਿਸ ਨਾਲ ਉਹ ਉਦਯੋਗ ਨਾਲ ਸਬੰਧਤ ਲੇਬਰ ਦੀ ਗਿਣਤੀ ਅਤੇ ਉਨਾਂ ਨੂੰ ਲਿਆਉਣ ਵਾਲੇ ਵਹੀਕਲ ਦਾ ਵੇਰਵਾ ਨਾਲ ਨੱਥੀ ਕਰੇਗਾ।

ਇਸ ਦੌਰਾਨ ਲੇਬਰ ਨੂੰ ਫ਼ੈਕਟਰੀ/ਯੂਨਿਟ ਦੇ ਅੰਦਰ ਹੀ ਰੱਖਣ ਦੇ ਪ੍ਰਬੰਧ ਕੀਤੇ ਜਾਣਗੇ ਅਤੇ ਜੇਕਰ ਫ਼ੈਕਟਰੀ ਤੇ ਯੂਨਿਟ ਦੇ ਅੰਦਰ ਮੁਕੰਮਲ ਪ੍ਰਬੰਧ ਨਹੀਂ ਹਨ ਤਾਂ ਲੇਬਰ ਦੇ ਫੈਕਟਰੀ ਵਿਚ ਆਉਣ ਜਾਣ ਲਈ ਵਿਸ਼ੇਸ਼ ਵਹੀਕਲ ਦੇ ਪ੍ਰਬੰਧ ਕੀਤਾ ਜਾਵੇਗਾ। ਇਸ ਵਹੀਕਲ 'ਤੇ ਹੀ ਰੋਜਾਨਾ ਲੇਬਰ ਨੂੰ ਉਸ ਦੇ ਘਰ ਤੋਂ ਲਿਆਇਆ ਅਤੇ ਛੱਡਿਆ ਜਾਵੇਗਾ। ਅਜਿਹੇ ਵਹੀਕਲਾਂ ਦਾ ਪ੍ਰਬੰਧ ਉਦਯੋਗਪਤੀ ਨੂੰ ਆਪਣੇ ਪੱਧਰ 'ਤੇ ਹੀ ਕਰਨਾ ਹੋਵੇਗਾ।

ਇਸ ਤੋਂ ਇਲਾਵਾ ਉਨਾਂ ਦੱਸਿਆ ਕਿ ਲੇਬਰ ਦੇ ਵਿਅਕਤੀ ਅਤੇ ਫ਼ੈਕਟਰੀ ਮਾਲਕ ਸਵੇਰੇ 10 ਵਜੇ ਤੋਂ ਪਹਿਲਾਂ ਫੈਕਟਰੀ ਵਿਚ ਜਾ ਸਕਦੇ ਹਨ ਅਤੇ ਸ਼ਾਮ 6 ਵਜੇ ਫੈਕਟਰੀ ਤੋਂ ਘਰ ਵਾਪਸ ਆ ਜਾਣਗੇ ਅਤੇ ਦਿਨ ਦੇ ਸਮੇਂ ਵਿਚ ਕੋਈ ਵੀ ਆਉਣ ਜਾਣ ਨਹੀਂ ਕੀਤੀ ਜਾਵੇਗੀ।

ਉਨਾਂ ਕਿਹਾ ਕਿ ਫ਼ੈਕਟਰੀ ਵਿਚ ਕੋਈ ਲੇਬਰ ਦਾ ਵਿਅਕਤੀ ਪੈਦਲ ਜਾਂ ਸਾਈਕਲ ਜਾਂ ਆਪਣੇ ਕਿਸੇ ਨਿੱਜੀ ਵਹੀਕਲ 'ਤੇ ਨਹੀਂ ਆ ਜਾ ਸਕੇਗਾ ਸਗੋਂ ਇਨਾਂ ਦਾ ਆਉਣ ਜਾਣ ਵਿਸ਼ੇਸ਼ ਵਹੀਕਲ 'ਤੇ ਹੀ ਹੋਵੇਗੀ। ਜਿਸ ਵਹੀਕਲ ਦਾ ਕਰਫਿਊ ਪਾਸ ਜ਼ਿਲਾ ਮੈਜਿਸਟ੍ਰੇਟ ਵਲੋਂ ਜਾਰੀ ਕੀਤਾ ਜਾਵੇਗਾ। ਇਸ ਤੋਂ ਇਲਾਵਾ ਉਨਾਂ ਦੱਸਿਆ ਕਿ ਕੰਮ ਦੌਰਾਨ ਸਮਾਜਿਕ ਦੂਰੀ ਬਣਾ ਕੇ ਰੱਖਣੀ ਯਕੀਨੀ ਬਣਾਈ ਜਾਵੇ ਅਤੇ ਭਾਰਤ ਸਰਕਾਰ ਵਲੋਂ ਜਾਰੀ ਐਸ.ਓ.ਪੀ. ਦੀਆਂ ਸ਼ਰਤਾਂ ਦੀ ਪਾਲਣਾ ਕਰਨੀ ਕਰਨੀ ਯਕੀਨੀ ਬਣਾਈ ਜਾਵੇਗੀ। ਜਨਰਲ ਮੈਨੇਜ਼ਰ, ਜ਼ਿਲਾ ਉਦਯੋਗ ਕੇਂਦਰ ਅਤੇ ਸਹਾਇਕ ਲੇਬਰ ਕਮਿਸ਼ਨਰ ਤੇ ਡਿਪਟੀ ਡਾਇਰੈਕਟਰ, ਫ਼ੈਕਟਰੀ ਸਮੇਂ ਸਮੇਂ 'ਤੇ ਇਨਾਂ ਫੈਕਟਰੀ/ਯੂਨਿਟਾਂ ਦਾ ਦੌਰਾ ਕਰਕੇ ਭਾਰਤ

ਸਰਕਾਰ/ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਐਸ.ਓ.ਪੀ ਦੀਆਂ ਸਾਰੀਆਂ ਸ਼ਰਤਾਂ ਦੀ ਪਾਲਣਾ ਕੀਤੀ ਜਾਣੀ ਯਕੀਨੀ ਬਣਾਉਣਗੇ।

ਉਨਾਂ ਦੱਸਿਆ ਕਿ ਉਦਯੋਗ ਕੋਵਿਡ 19 ਨਾਲ ਸਬੰਧਤ ਭਾਰਤ ਸਰਕਾਰ/ਰਾਜ ਸਰਕਾਰ ਅਤੇ ਜ਼ਿਲਾ ਮੈਜਿਸਟ੍ਰੇਟ ਵਲੋਂ ਜਾਰੀ ਕੀਤੀਆਂ ਸਾਰੀਆਂ ਹਦਾਇਤਾਂ ਦੀ ਪਾਲਣਾ ਕਰਨਗੇ। ਜੇਕਰ ਉਨਾਂ ਵਲੋਂ ਹਦਾਇਤਾਂ ਦੀ ਉਲੰਘਣਾ ਕੀਤੀ ਗਈ ਤਾਂ ਉਨਾਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

I/21549/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਸਿਹਤ ਵਿਭਾਗ ਦੀ ਟੀਮ ਵਲੋਂ ਕਰੋਨਾ ਸਬੰਧੀ ਜਾਗਰੂਕਤਾ ਪੈਫ਼ਲੈਂਟ ਗਏ ਲਗਾਏ

ਬਠਿੰਡਾ, 1 ਮਈ : ਸਿਵਲ ਸਰਜਨ ਡਾ. ਅਮਰੀਕ ਸਿੰਘ ਸੰਧੂ ਦੀ ਦੇਖ ਰੇਖ ਹੇਠ ਦਫਤਰ ਸਿਹਤ ਵਿਭਾਗ ਬਠਿੰਡਾ ਦੀ ਮਾਸ ਮੀਡੀਆ ਟੀਮ ਵੱਲੋਂ ਦੇਸ਼ ਨੂੰ ਕਰੋਨਾ ਵਾਇਰਸ ਤੋਂ ਮੁਕਤ ਬਣਾਉਣ ਲਈ ਜੇਤੂ ਮਾਸਕ ਮੁਹਿੰਮ ਵਿੱਚ ਹਿੱਸਾ ਪਾਉਣ ਸਬੰਧੀ ਜਾਗਰੂਕਤਾ ਪਰਚੇ ਦਫਤਰ ਸਿਵਲ ਸਰਜਨ ਬਠਿੰਡਾ ਤੇ ਓ.ਪੀ.ਡੀ. ਕੰਪਲੈਕਸ ਸਿਵਲ ਹਸਪਤਾਲ ਵਿਖੇ ਲਗਾਏ ਗਏ।

ਇਸ ਮੌਕੇ ਡਿਪਟੀ ਮਾਸ ਮੀਡੀਆ ਅਫਸਰ ਕੁਲਵੰਤ ਸਿੰਘ ਨੇ ਕਿਹਾ ਕਿ ਮਰੀਜ਼ ਤੇ ਉਨਾਂ ਦੇ ਵਾਰਸ ਜਾਂ ਆਮ ਵਿਅਕਤੀ ਘਰ ਤੋਂ ਬਾਹਰ ਜਾਣ ਸਮੇਂ ਜਾਣ ਸਮੇਂ ਮਾਸਕ ਲਗਾਉਣਾ ਯਕੀਨੀ ਬਣਾਉਣ, ਇਸ ਬਿਮਾਰੀ ਤੋਂ ਬਚਾਅ ਲਈ ਮਾਸਕ ਵਰਤੋਂ ਅਤਿ ਜ਼ਰੂਰੀ ਹੈ। ਇਸ ਤੋਂ ਇਲਾਵਾ ਇੱਕ ਦੂਸਰੇ ਵਿਅਕਤੀ ਤੋਂ ਘੱਟੋ ਘੱਟ ਇੱਕ ਤੋਂ ਦੋ ਮੀਟਰ ਦਾ ਫ਼ਾਸਲਾ ਰੱਖਿਆ ਜਾਵੇ, ਹੱਥਾਂ ਨੂੰ ਵਾਰ ਵਾਰ ਪਾਣੀ ਨਾਲ ਧੋਇਆ ਜਾਵੇ। ਜੇਕਰ ਕਿਸੇ ਵਿਅਕਤੀ ਨੂੰ ਖਾਂਸੀ, ਜ਼ੁਕਾਮ, ਬੁਖਾਰ ਹੋਵੇ ਤਾਂ ਤੁਰੰਤ ਨੇੜੇ ਦੇ ਹਸਪਤਾਲ ਵਿੱਚ ਜਾ ਕੇ ਫਲੂ ਕਾਰਨਰ ਤੋਂ ਜਾਂਚ ਕਰਵਾਈ ਜਾਵੇ। ਕਰੋਨਾ ਬਿਮਾਰੀ ਦੀ ਲਾਗ ਤੋਂ ਆਪਣੇ ਆਪ ਨੂੰ ਬਚਾਉਣ ਲਈ ਸਰਕਾਰ ਵੱਲੋਂ ਦੱਸੀਆਂ ਸਾਵਧਾਨੀਆਂ 'ਤੇ ਅਮਲ ਕੀਤਾ ਜਾਵੇ ਤਾਂ ਜੋ ਅਸੀਂ ਸਾਰੇ ਰਲ ਮਿਲ ਕੇ ਇਸ ਮਹਾਂਮਾਰੀ ਨੂੰ ਠੱਲ ਪਾ ਸਕੀਏ।

I/21555/2020

O/O District Public Relations Officer Bathinda

## HELPING STATES IN CRISIS IS CONSTITUTIONAL DUTY OF CENTRE GOVT: MANPREET BADAL

**PUNJAB RECEIVED ONLY RS. 71 CRORE FROM CENTRE FOR FIGHTING COVID-19, REITERATES FINANCE MINISTER**

**SALUTES WORKERS ON INTERNATIONAL LABOUR DAY**

Bathinda, May 1

Punjab Finance Minister Mr. Manpreet Singh Badal on Friday paid homage to the farmers, workers and labourers, who have played a pivotal role in the nation building, while hoisting the tricolour at Panchayat Bhawan here.

Mr. Manpreet Singh Badal said that our workers have made a significant contribution in the development of our country. The script of country's development has been written with the sweat of workers. On this day, the whole country salutes them. Today, we all are battling against the deadly COVID-19 pandemic and the contribution of our workers to the society has come out even more apparently and significantly." he said.

Replying to the queries of the media personnel, the Finance Minister reiterated that Punjab has received only Rs. 71 crore from the Central Government for fighting against COVID-19 and other funds, which have been received, was the right of the state of Punjab. These funds were payable to the Punjab without even the pandemic.

Punjab was known for its self-esteem and Punjabis have always been playing a leading role in the development of the country in every field, he added, while stressing that in the federal democratic structure it was the duty of the central government to help the states in case of any internal or external crisis. It is the constitutional responsibility of the government of India.

Mr. Manpreet Singh Badal said that ever since the crisis of COVID-19 has started, the Central Government has been showing apathy towards Punjab which is very hard for Punjab to accept it. Punjab has always emerged victorious in every situation and it will again emerge victorious from the current crisis.

The Finance Minister categorically said that all precautionary measures have been followed for taking care of the pilgrims, students, labourers coming from other states in Punjab and samples are being taken and all are being quarantined. Urging the general public to have sympathy with COVID-19 positive persons, he said that as this disease could infect anyone and COVID-19 patients should not be discriminated.

On this occasion Jaijeet Singh Johal, KK Aggarwal, Arun Wadhawan, Jagroop Gill, Ashok Pardhan, Pawan Mani, Tehal Singh Sandhu, Raj Nambardar, Rajan Garg, Balwinder Thekedar, Master Harmander Singh, Baljit Singh, were also present.

I/21558/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

**ਬਠਿੰਡਾ ਜ਼ਿਲ੍ਹੇ ਵਿਚ ਸ਼ਰਤਾਂ ਦੇ ਅਧਾਰ ਤੇ ਕੁਝ ਦੁਕਾਨਾਂ ਸਵੇਰੇ 6 ਤੋਂ 10 ਵਜੇ ਤੱਕ ਖੁਲਣਗੀਆਂ**

-ਸਬਜੀਆਂ ਅਤੇ ਰਾਸ਼ਨ ਦੀ ਘਰੋ ਘਰੀ ਸਪਲਾਈ ਪਹਿਲਾਂ ਵਾਂਗ ਜਾਰੀ ਰਹੇਗੀ।

ਬਠਿੰਡਾ, 1 ਮਈ

ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਬੀ ਸ੍ਰੀ ਨਿਵਾਸਨ ਆਈ.ਏ.ਐਸ. ਨੇ ਪੰਜਾਬ ਸਰਕਾਰ ਅਤੇ ਭਾਰਤ ਸਰਕਾਰ ਦੀਆਂ ਹਦਾਇਤਾਂ ਦੇ ਮੱਦੇਨਜਰ 2 ਮਈ ਤੋਂ ਕੁਝ ਵਿਸ਼ੇਸ ਸ਼੍ਰੇਣੀਆਂ ਦੀਆਂ ਦੁਕਾਨਾਂ ਨੂੰ ਸਵੇਰੇ 6 ਵਜੇ ਤੋਂ ਸਵੇਰੇ 10 ਵਜੇ ਤੱਕ ਕਰਫਿਊ ਦੌਰਾਨ ਖੋਲਣ ਦੀ ਛੋਟ ਦਿੱਤੀ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਸਮੇਂ ਦੌਰਾਨ ਕੇਵਲ ਕਰਿਆਣਾ, ਮੈਡੀਕਲ, ਡੇਅਰੀਆਂ, ਮਿਲਕ ਚਿਲਿੰਗ-ਮਿਲਕ ਕੁਲੈਕਸ਼ਨ ਸੈਂਟਰ, ਸਬਜੀਆਂ ਦੀਆਂ ਦੁਕਾਨਾਂ, ਬੇਕਰੀ, ਪੋਲਟਰੀ ਉਤਪਾਦਾਂ ਨਾਲ ਸਬੰਧਤ ਦੁਕਾਨਾਂ, ਸਪੇਅਰ ਪਾਰਟਸ ਦੀਆਂ ਦੁਕਾਨਾਂ ਸਮੇਤ ਮੋਬਾਇਲ ਆਇਲ ਦੀਆਂ ਦੁਕਾਨਾਂ, ਆਪਟੀਕਲ ਸਟੋਰ, ਟਾਇਰ ਸਟੋਰ,ਦੁਕਾਨਾਂ, ਲੈਬੋਰੈਟਰੀਜ਼, ਪਸ਼ੂ ਚਾਰੇ ਤੇ ਪੋਲਟਰੀ ਫੀਡ ਦੀਆਂ ਦੁਕਾਨਾਂ, ਬੀਜ, ਖਾਦ ਤੇ ਕੀਟਨਾਸ਼ਕ ਦੀਆਂ ਦੁਕਾਨਾਂ, ਖੇਤੀ ਇਨਪੁੱਟ ਨਾਲ ਸਬੰਧਤ ਦੁਕਾਨਾਂ, ਸੀਮੇਂਟ ਦੀਆਂ ਦੁਕਾਨਾਂ ਹੀ ਖੁੱਲ ਸਕਣਗੀਆਂ ਅਤੇ ਇਨ੍ਹਾਂ ਤੋਂ ਬਿਨ੍ਹਾਂ ਕੋਈ ਹੋਰ ਦੁਕਾਨ ਨਹੀਂ ਖੁੱਲੇਗੀ। ਇਸ ਤੋਂ ਬਿਨ੍ਹਾਂ ਪਾਰਸ ਨਗਰ, ਬਾਲਾ ਰਾਮ ਨਗਰ ਅਤੇ ਹੋਰ ਕੋਨਟੇਨਮੈਂਟ ਖੇਤਰਾਂ ਵਿਚ ਕਿਸੇ ਕਿਸਮ ਦੀਆਂ ਵੀ ਦੁਕਾਨਾਂ ਨਹੀਂ ਖੁੱਲਣਗੀਆਂ। ਇਹ ਦੁਕਾਨਾਂ 2 ਅਤੇ 3 ਮਈ ਦੇ ਸ਼ਨੀਵਾਰ ਐਤਵਾਰ ਨੂੰ ਤਾਂ ਖੁਲਣਗੀਆਂ ਪਰ ਇਸ ਤੋਂ ਬਾਅਦ ਅਗਲੇ ਸ਼ਨੀਵਾਰ ਐਤਵਾਰ ਬੰਦ ਹੀ ਰਿਹਾ ਕਰਣਗੀਆਂ।

ਇਸ ਤੋਂ ਬਿਨ੍ਹਾਂ ਰਿਲਾਇੰਸ, ਬੈਸਟ ਪ੍ਰਾਈਸ, ਇਜੀ ਡੇਅ, ਵਿਸ਼ਾਲ ਮੈਗਾ ਮਾਰਟ,ਬਿੱਗ ਬਜਾਰ ਆਦਿ ਸੁਪਰ ਸਟੋਰ ਪਬਲਿਕ ਲਈ ਨਹੀਂ ਖੁੱਲਣਗੇ ਪਰ ਇਹ ਪਹਿਲਾਂ ਤੋਂ ਜਾਰੀ ਜਰੂਰੀ ਵਸਤਾਂ ਦੀ ਹੋਮ ਡਲੀਵਰੀ ਕਰ ਸਕਣਗੇ।ਸਬਜੀਆਂ ਦੀ ਹੋਮ ਡਲੀਵਰੀ ਪਹਿਲਾਂ ਵਾਂਗ ਜਾਰੀ ਰਹੇਗੀ।ਮਾਰਕਿਟ ਕੰਪਲੈਕਸ਼ਾਂ ਵਿਚ ਬਣੀਆਂ ਦੁਕਾਨਾਂ ਅਤੇ ਸ਼ਾਪਿੰਗ ਮਾਲ ਬੰਦ ਰਹਿਣਗੇ। ਸ਼ਰਾਬ ਦੀਆਂ ਦੁਕਾਨਾਂ ਬੰਦ ਰਹਿਣਗੀਆਂ। ਈ ਕਾਮਰਸ ਕੰਪਨੀਆਂ ਪਹਿਲਾਂ ਤੋਂ ਮਿਲੀਆਂ ਛੋਟਾਂ ਅਨੁਸਾਰ ਹੀ ਕੇਵਲ ਜਰੂਰੀ ਵਸਤਾਂ ਦੀ ਸਪਲਾਈ ਕਰ ਸਕਣਗੀਆਂ।

ਇਸ ਸਬੰਧੀ ਹੋਰ ਹਦਾਇਤਾਂ ਜਾਰੀ ਕਰਦਿਆਂ ਜ਼ਿਲ੍ਹਾ ਮੈਜਿਸਟ੍ਰੇਟ ਨੇ ਦੱਸਿਆ ਕਿ ਆਮ ਲੋਕ ਕੇਵਲ ਸਵੇਰੇ 6 ਤੋਂ 10 ਵਜੇ ਤੱਕ ਹੀ ਦੁਕਾਨਾਂ ਤੋਂ ਖਰੀਦਦਾਰੀ ਕਰ ਸਕਣਗੇ ਅਤੇ ਇਸ ਤੋਂ ਬਾਅਦ ਸਭ ਨੂੰ ਘਰਾਂ ਅੰਦਰ ਜਾਣਾ ਹੋਵੇਗਾ।ਘਰ ਤੋਂ ਬਾਹਰ ਆਉਣ ਸਮੇਂ ਮਾਸਕ ਲਾਜ਼ਮੀ ਪਾਓ ਅਤੇ ਦਸਤਾਨੇ, ਹੱਥ ਧੋਣ ਅਤੇ ਸੈਨੇਟਾਈਜਰ ਦੀ ਵਰਤੋਂ ਅਤੇ ਆਪਸੀ ਦੂਰੀ ਦਾ ਹਰ ਕੋਈ ਖਿਆਲ ਰੱਖੇ।

ਕਿਸੇ ਨੂੰ ਵੀ ਬੇਕਰੀ ਜਾਂ ਹੋਰ ਦੁਕਾਨ ਤੇ ਬੈਠਕੇ ਖਾਣਾ ਖਾਣ ਦੀ ਆਗਿਆ ਨਹੀਂ ਹੋਵੇਗੀ ਅਤੇ ਖਰੀਦਦਾਰੀ ਕਰਕੇ ਤੁਰੰਤ ਘਰ ਮੁੜ ਜਾਓ। ਦੁਕਾਨਦਾਰਾਂ ਨੂੰ ਅਪੀਲ ਹੈ ਕਿ ਉਹ ਇਸ ਸਮੇਂ ਘਰੋ ਘਰੀ ਸਪਲਾਈ ਨੂੰ ਉਤਸਾਹਿਤ ਕਰਨ। ਦੁਕਾਨਦਾਰ ਆਪਣੀਆਂ ਦੁਕਾਨਾਂ ਬਾਹਰ 1 ਮੀਟਰ ਦੇ ਵਕਫੇ ਤੇ ਸਰਕਲ ਲਗਾਉਣਗੇ ਤਾਂ ਜ਼ੋ ਗ੍ਰਾਹਕਾਂ ਵਿਚ ਸਮਾਜਿਕ ਦੂਰੀ ਬਣਾਈ ਰੱਖੀ ਜਾ ਸਕੇ। ਦੁਕਾਨਦਾਰ ਇਹ ਵੀ ਯਕੀਨੀ ਬਣਾਉਣਗੇ ਕਿ ਗ੍ਰਾਹਕ ਨੇ ਮਾਸਕ ਲਾਜ਼ਮੀ ਪਾਇਆ ਹੋਵੇ।

ਹਰੇਕ ਦੁਕਾਨਦਾਰ ਹੈਂਡ ਸਾਇਨੇਟਾਇਜਰ ਰੱਖੇਗਾ ਤਾਂ ਜ਼ੋ ਦੁਕਾਨ ਵਿਚ ਆਉਣ ਵਾਲਾ ਹਰ ਗ੍ਰਾਹਕ ਤੇ ਦੁਕਾਨਦਾਰ ਇਸ ਨਾਲ ਹੱਥ ਸਾਫ ਕਰ ਸਕੇ। ਕੋਈ ਵੀ ਗ੍ਰਾਹਕ ਦੁਕਾਨ ਵਿਚ ਰੱਖੀ ਕਿਸੇ ਵਸਤ ਜਾਂ ਹੋਰ ਚੀਜ ਨੂੰ ਛੂਹੇ

ਨਾ।ਦੁਕਾਨਦਾਰ ਗ੍ਰਾਹਕ ਨੂੰ ਡਿਜਟਿਲ ਤਰੀਕੇ ਨਾਲ ਭੁਗਤਾਨ ਕਰਨ ਲਈ ਉਤਸਾਹਿਤ ਕਰੇ।ਨਗਦੀ ਦੇ ਭੁਗਤਾਨ ਬਾਅਦ ਗ੍ਰਾਹਕ ਅਤੇ ਦੁਕਾਨਦਾਰ ਦੋਨੋਂ ਹੱਥ ਅਲਕੋਹਲ ਵਾਲੇ ਸੈਨੇਟਾਈਜਰ ਨਾਲ ਸਾਫ ਕਰਨ। ਗ੍ਰਾਹਕ ਘਰ ਤੋਂ ਕਪੜੇ ਦੇ ਬੈਗ ਲੈ ਕੇ ਜਾਣ ਅਤੇ ਇੰਨ੍ਹਾਂ ਨੂੰ ਬਾਅਦ ਵਿਚ ਸਾਬਣ ਸੋਡੇ ਤੇ ਗਰਮ ਪਾਣੀ ਨਾਲ ਧੋ ਲਿਆ ਜਾਵੇ। ਇੰਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

I/21659/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

**ਬਠਿੰਡਾ ਜ਼ਿਲ੍ਹੇ ਤੋਂ ਸ਼ੁੱਕਰਵਾਰ ਨੂੰ ਭੇਜੇ ਗਏ 124 ਨਵੇਂ ਨਮੂਨੇ**

**-ਬੁੱਧਵਾਰ ਅਤੇ ਵੀਰਵਾਰ ਨੂੰ ਲਏ 211 ਨਮੂਨਿਆਂ ਦੀ ਰਿਪੋਟ ਆਉਣੀ ਬਕਾਇਆ**

**ਕੇਂਦਰ ਸਰਕਾਰ ਦੀ ਰਿਪੋਟ ਅਨੁਸਾਰ ਹਾਲੇ ਵੀ ਬਠਿੰਡਾ ਗਰੀਨ ਜ਼ੋਨ ਵਿਚ**

**-68 ਡਰਾਇਵਰ ਕੰਡਕਟਰ ਵੀ ਭੇਜੇ ਇਕਾਂਤਵਾਸ ਵਿਚ**

ਬਠਿੰਡਾ, 1 ਮਈ

ਜ਼ਿਲ੍ਹਾ ਬਠਿੰਡਾ ਤੋਂ ਸ਼ੁੱਕਰਵਾਰ ਨੂੰ ਸਿਹਤ ਵਿਭਾਗ ਨੇ ਕਰੋਨਾ ਨਾਲ ਸਬੰਧਤ 124 ਨਮੂਨੇ ਜਾਂਚ ਲਈ ਲਏ ਹਨ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ।ਉਨ੍ਹਾਂ ਨੇ ਦੱਸਿਆ ਕਿ ਬੁੱਧਵਾਰ ਨੂੰ ਭੇਜੇ ਗਏ 85 ਅਤੇ ਵੀਰਵਾਰ ਨੂੰ ਭੇਜੇ ਗਏ 126 ਨਮੂਨਿਆਂ ਦੀ ਰਿਪੋਟ ਆਉਣ ਹਾਲੇ ਬਕਾਇਆ ਹੈ। ਜਦ ਕਿ ਜ਼ਿਲ੍ਹੇ ਵਿਚ 573 ਲੋਕਾਂ ਦੀ ਨੈਗੇਟਿਵ ਅਤੇ 2 ਦੀ ਰਿਪੋਟ ਇਸ ਤੋਂ ਪਹਿਲਾਂ ਪਾਜਿਟਵ ਆਈ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਜ਼ਿਲ੍ਹਿਆਂ ਦੇ ਜ਼ੋਨ ਸਬੰਧੀ ਜਾਰੀ ਸੂਚੀ ਵਿਚ ਬਠਿੰਡਾ ਨੂੰ ਗਰੀਨ ਜ਼ੋਨ ਵਿਚ ਰੱਖਿਆ ਗਿਆ ਹੈ। ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਬੰਦੀਆਂ ਨੂੰ ਲਾਗੂ ਕਰਨ ਵਿਚ ਸਹਿਯੋਗ ਕਰਨ ਅਤੇ ਜਦੋਂ ਵੀ ਘਰੋ ਬਾਹਰ ਨਿਕਲਣ ਲਾਜਮੀ ਤੌਰ ਤੇ ਮਾਸਕ ਪਾਉਣ। ਉਨ੍ਹਾਂ ਨੇ ਕਿਹਾ ਕਿ ਬਿਨ੍ਹਾਂ ਮਾਸਕ ਬਾਹਰ ਨਿਕਲਣ ਤੇ ਕਾਨੂੰਨੀ ਕਾਰਵਾਈ ਹੋ ਸਕਦੀ ਹੈ। ਇਸ ਤੋਂ ਬਿਨ੍ਹਾਂ ਉਨ੍ਹਾਂ ਨੇ ਕਿਹਾ ਕਿ ਘਰ ਤੋਂ ਬਾਹਰ ਇਕ ਦੂਜੇ ਤੋਂ ਘੱਟੋਂ ਘੱਟ 2 ਮੀਟਰ ਦੂਰ ਰਹੋ। ਵਾਰ ਵਾਰ ਹੱਥ ਧੋਵੋ ਅਤੇ ਡਾਕਟਰੀ ਸਲਾਹਾਂ ਦਾ ਸਖ਼ਤੀ ਨਾਲ ਪਾਲਣ ਕਰੋ।

ਡਿਪਟੀ ਕਮਿਸ਼ਨਰ ਨੇ ਇਸ ਮੌਕੇ ਸਪੱ਼ਸਟ ਕੀਤਾ ਕਿ ਜ਼ਿਲ੍ਹੇ ਵਿਚ ਜੋ ਵੀ ਸ਼ਰਧਾਲੂ, ਵਿਦਿਆਰਥੀ ਅਤੇ ਮਜਦੂਰ ਬਾਹਰ ਤੋਂ ਆਏ ਹਨ ਸਭ ਦੇ ਟੈਸਟ ਕਰਵਾਏ ਜਾ ਰਹੇ ਹਨ। ਉਨ੍ਹਾਂ ਨੇ ਦੱਸਿਆ ਕਿ ਜਿੰਨ੍ਹਾਂ ਬੱਸਾਂ ਰਾਹੀਂ ਇਹ ਲੋਕ ਆਏ ਸਨ ਉਨ੍ਹਾਂ ਦੇ ਬਠਿੰਡਾ ਜ਼ਿਲ੍ਹੇ ਨਾਲ ਸਬੰਧਤ 68 ਡਰਾਇਵਰਾਂ ਕੰਡਕਟਰਾਂ ਨੂੰ ਵੀ ਇਕਾਂਤਵਾਸ ਵਿਚ ਰੱਖਿਆ

ਗਿਆ ਹੈ।ਉਨ੍ਹਾਂ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਵੱਲੋਂ ਲੋਕਾਂ ਦੀ ਸੁਰੱਖਿਆ ਲਈ ਹਰ ਉਪਾਅ ਕੀਤਾ ਜਾ ਰਿਹਾ ਹੈ ਅਤੇ ਲੋਕ ਵੀ ਸਹਿਯੋਗ ਕਰਨ।

I/21672/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਰਮਜ਼ਾਨ ਦੇ ਤਿਉਹਾਰ 'ਤੇ ਜੰਮੂ ਕਸ਼ਮੀਰ ਲਈ ਰਵਾਨਾ ਹੋਏ 146 ਵਿਅਕਤੀ

## - ਦਰਗਾਹ ਹਾਜੀ ਰਤਨ ਵੱਲੋਂ ਇਫਤਾਰੀ ਦਾ ਸਮਾਨ ਵੀ ਭੇਂਟ ਕੀਤਾ

## -ਯਾਤਰੂਆਂ ਨੇ ਪੰਜਾਬ ਸਰਕਾਰ ਦਾ ਕੀਤਾ ਧੰਨਵਾਦ

ਬਠਿੰਡਾ, 1 ਮਈ ()-

ਜ਼ਿਲ੍ਹਾ ਪ੍ਰਸ਼ਾਸਨ ਬਠਿੰਡਾ ਵੱਲੋਂ ਅੱਜ ਮਾਨਵੀ ਸੰਵੇਦਨਾ ਦੀ ਮਿਸਾਲ ਪੈਦਾ ਕਰਦਿਆਂ ਰੋਜ਼ਿਆ ਦੇ ਪਵਿੱਤਰ ਦਿਨਾਂ ਚ ਜੰਮੂ-ਕਸ਼ਮੀਰ ਨਾਲ ਸਬੰਧਤ ਬਠਿੰਡਾ ਵਿਖੇ ਰਹਿ ਰਹੇ 146 ਵਿਅਕਤੀਆਂ ਨੂੰ ਮੁਫ਼ਤ ਬੱਸਾਂ ਰਾਹੀਂ ਜੰਮੂ-ਕਸ਼ਮੀਰ ਲਈ ਰਵਾਨਾ ਕੀਤਾ ਗਿਆ।ਇੰਨ੍ਹਾਂ ਵਿਚ ਕੁਝ ਵਿਦਿਆਰਥੀ ਸਨ ਜਦ ਕਿ ਕੁਝ ਹੋਰ ਬਠਿੰਡਾ ਵਿਖੇ ਕੰਮ ਕਰਨ ਵਾਲੇ ਕਸ਼ਮੀਰੀ ਸਨ। ਰਮਜ਼ਾਨ ਦੇ ਤਿਉਹਾਰ 'ਤੇ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੀ ਇਸ ਪਹਿਲ ਲਈ ਜੰਮੂ-ਕਸ਼ਮੀਰ ਨਾਲ ਸਬੰਧਤ ਇਨ੍ਹਾਂ ਵਿਅਕਤੀਆਂ ਵੱਲੋਂ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।

ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਕੋਵਿਡ-19 ਦੇ ਪ੍ਰਭਾਵ ਨੂੰ ਰੋਕਣ ਲਈ ਲਗਾਏ ਕਰਫ਼ਿਊ ਅਤੇ ਲਾਕਡਾਊਨ ਦੌਰਾਨ ਜੰਮੂ-ਕਸ਼ਮੀਰ ਨਾਲ ਸਬੰਧਤ ਇਹ ਵਿਅਕਤੀਆਂ ਇੱਥੇ ਫਸ ਗਏ ਸਨ। ਉਨ੍ਹਾਂ ਕਿਹਾ ਕਿ ਅੱਜ ਇਨ੍ਹਾਂ ਵਿਅਕਤੀਆਂ ਨੂੰ 5 ਬੱਸਾਂ ਵਿੱਚ ਜੰਮੂ-ਕਸ਼ਮੀਰ ਲਈ ਰਵਾਨਾ ਕਰ ਦਿੱਤਾ ਗਿਆ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਕਤ ਵਿਅਕਤੀਆਂ ਨੂੰ ਲਖਨਪੁਰ ਬੈਰੀਅਰ ਤੱਕ ਬੱਸਾਂ ਰਾਹੀਂ ਪਹੁੰਚਾਇਆ ਜਾ ਰਿਹਾ ਹੈ, ਤਾਂ ਜੋ ਕਰਫਿਊ ਦੌਰਾਨ ਇਨ੍ਹਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਘਰ ਵਾਪਸੀ ਕਰ ਰਹੇ ਇਨ੍ਹਾਂ ਵਿਅਕਤੀਆਂ ਨੇ ਜਿਥੇ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ, ਉਥੇ ਸਹੂਲਤਾਂ ਮੁਹੱਈਆ ਕਰਵਾਉਣ 'ਤੇ ਜ਼ਿਲ੍ਹਾ ਪ੍ਰਸ਼ਾਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਅੱਜ ਘਰ ਵਾਪਸ ਜਾਣ ਦੀ ਬਹੁਤ ਖੁਸ਼ੀ ਹੈ। ਉਨ੍ਹਾਂ ਨੂੰ ਕਰਫਿਊ ਦੌਰਾਨ ਜਿਥੇ ਜ਼ਰੂਰੀ ਵਸਤਾਂ ਮੁਹੱਈਆ ਕਰਵਾਈਆਂ ਗਈਆਂ, ਉਥੇ ਅੱਜ ਬੱਸਾਂ ਰਾਹੀਂ ਮੁਫ਼ਤ ਘਰ ਭੇਜਿਆ ਜਾ ਰਿਹਾ ਹੈ, ਜਿਸ ਲਈ ਉਹ ਪੰਜਾਬ ਸਰਕਾਰ ਦੇ ਧੰਨਵਾਦੀ ਹਨ।

ਯਾਤਰੂਆਂ ਦਾ ਕਹਿਣਾ ਸੀ ਕਿ ਰਮਜ਼ਾਨ ਦਾ ਪਵਿੱਤਰ ਮਹੀਨਾ ਸ਼ੁਰੂ ਹੋਏ ਅੱਜ 7ਵਾਂ ਦਿਨ ਹੈ ਅਤੇ ਉਹ ਹਰ ਰੋਜ਼ ਦੁਆ ਕਰਦੇ ਸਨ ਕਿ ਆਪਣੇ ਘਰ ਜਾ ਕੇ ਰੋਜ਼ਾ ਰੱਖੀਏ। ਉਨ੍ਹਾਂ ਦੱਸਿਆ ਕਿ ਅੱਜ ਘਰ ਜਾਣ ਵੇਲੇ ਬਹੁਤ ਖੁਸ਼ੀ ਮਹਿਸੂਸ ਹੋ ਰਹੀ ਹੈ ਅਤੇ ਪਰਿਵਾਰ ਨੂੰ ਮਿਲਣ ਦਾ ਬਹੁਤ ਚਾਅ ਹੈ।

ਇਸ ਮੋਕੇ ਸ੍ਰੀ ਮੁਹੰਮਦ ਅਸ਼ਰਫ ਨੇ ਦੱਸਿਆ ਕਿ ਇੰਨ੍ਹਾਂ ਲੋਕਾਂ ਨੂੰ ਰੋਜਾ ਖੋਲਣ ਲਈ ਦਰਗਾਹ ਹਾਜੀਰਤਨ ਵੱਲੋਂ ਇਤਫਾਰੀ ਦਾ ਸਮਾਨ ਵੀ ਦਿੱਤਾ ਗਿਆ ਤਾਂ ਜੋ ਰਾਸਤੇ ਵਿਚ ਜਦ ਰੋਜਾ ਖੋਲਣ ਦਾ ਸਮਾਂ ਆਵੇ ਤਾਂ ਇਹ ਲੋਕ ਆਪਣੀਆਂ ਧਾਰਮਿਕ ਰਹੁ ਰੀਤਾਂ ਅਨੁਸਾਰ ਰੋਜਾ ਖੋਲ ਸਕਨ। ਉਨ੍ਹਾਂ ਨੇ ਇੰਨ੍ਹਾਂ ਲੋਕਾਂ ਦੀ ਘਰ ਵਾਪਸੀ ਲਈ ਪੰਜਾਬ ਸਰਕਾਰ ਵੱਲੋਂ ਮਦਦ ਕਰਵਾਉਣ ਲਈ ਵਿਸੇਸ਼ ਤੌਰ ਤੇ ਵਿੱਤ ਮੰਤਰੀ ਸ: ਮਨਪ੍ਰੀਤ ਸਿੰਘ ਬਾਦਲ ਦਾ ਧੰਨਵਾਦ ਵੀ ਕੀਤਾ।

I/21683/2020